# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 03-09-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ, ਸਾਰੀਆਂ ਵਿਦਿਅਕ ਸੰਸਥਾਵਾਂ ਨੂੰ, ਕੁੜੀਆਂ ਲਈ ਸੁਰੱਖਿਅਤ ਮਾਹੌਲ ਬਣਾਉਣ ਦਾ ਸੱਦਾ ਦਿੱਤਾ।
- ਪੰਜਾਬ ਵਿਧਾਨ ਸਭਾ ਨੇ ਇਤਿਹਾਸਕ ਬਿੱਲ 'ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ (ਸੋਧ) ਐਕਟ-2024' ਨੂੰ ਸਰਬਸੰਮਤੀ ਨਾਲ ਪਾਸ ਕੀਤਾ।
- ਕੇਂਦਰ ਸਰਕਾਰ ਨੇ ਉਤਪਾਦਾਂ ਅਤੇ ਸੇਵਾਵਾਂ ਨਾਲ ਸਬੰਧਤ ਵਿਚਾਰਾਂ ਨੂੰ ਸੱਦਾ ਦੇਣ ਲਈ ਨਵੀਂ ਪਹਿਲ Ideas4LiFE ਦੀ ਸ਼ੁਰੂਆਤ ਕੀਤੀ ਈ
- ਅੱਜਜਲੰਧਰ, ਤਰਨਤਾਰਨ, ਫਰੀਦਕੋਟ, ਲੁਧਿਆਣਾ, ਫਾਜ਼ਿਲਕਾ, ਬਠਿੰਡਾ, ਸਮੇਤ ਸੂਬੇ ਦੇ ਹੋਰਨਾਂ ਕਈ ਜ਼ਿਲਿਆਂ ਵਿਚ ਗਰਜ

ਚਮਕ ਨਾਲ ਭਾਰੀ ਮੀਂਹ ਪਿਆ -ਲੋਕਾਂ ਨੂੰ ਹੁੰਮਸ ਭਰੀ ਗਰਮੀ ਤੋਂ ਰਾਹਤ ਮਿਲੀ ।

--------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਸਾਰੀਆਂ ਸਿੱਖਿਆ ਸੰਸਥਾਵਾਂ ਨੂੰ, ਕੁੜੀਆਂ ਲਈ ਸੁਰੱਖਿਅਤ ਮਾਹੌਲ ਬਣਾਉਣਾ ਚਾਹੀਦਾ ਏ, ਕਿਉਂਕਿ ਉਹ, ਦੇਸ਼ ਦੇ ਵਿਕਾਸ ਦਾ ਅਨਿੱਖੜਵਾਂ ਅੰਗ ਨੇ । ਉਨ੍ਹਾਂ ਅੱਜ ਪੁਣੇ ਵਿੱਚ ਸਿਮ-ਬਾਇਓ-ਸਿਸ ਯੂਨੀਵਰਸਿਟੀ ਦੇ, 21ਵੇਂ ਕਨਵੋਕੇਸ਼ਨ ਸਮਾਗਮ ਵਿੱਚ ਸਮਾਗਮ ਵਿੱਚ ਸੰਬੋਧਨ ਕਰਦਿਆਂ ਕਿਹਾ।

**BYTE:**

ਰਾਸ਼ਟਰਪਤੀ ਨੇ ਕਿਹਾ ਕਿ 11 ਵਿੱਚੋਂ 8 ਸੋਨ ਤਗਮਾ ਜੇਤੂ ਕੁੜੀਆਂ ਦਾ ਹੋਣਾ, ਯੂਨੀਵਰਸਿਟੀ ਦੇ ਇਨ੍ਹਾਂ ਉਪਰਾਲਿਆਂ ਨੂੰ ਦਰਸਾਉਂਦਾ ਏ ।

--------------------------------------------------------------------

ਬੂਟੇ ਲਾਉਣ ਬਾਰੇ ਮੁਹਿੰਮ 'ਏਕ ਪੇੜ ਮਾਂ ਕੇ ਨਾਮ' ਤਹਿਤ ਹੁਣ ਤੱਕ, 52 ਕਰੋੜ ਤੋਂ ਵੱਧ ਬੂਟੇ ਲਗਾਏ ਜਾ ਚੁੱਕੇ ਨੇ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਤਬਦੀਲੀ ਬਾਰੇ

ਮੰਤਰੀ ਭੂਪੇਂਦਰ ਯਾਦਵ ਨੇ ਕਿਹਾ, ਇਸ ਮੁਹਿੰਮ ਵਿੱਚ ਇੱਕ ਹੋਰ ਮੀਲ ਪੱਥਰ ਹਾਸਲ ਕੀਤਾ ਗਿਆ ਏ । ਵਿਸ਼ਵ ਵਾਤਾਵਰਨ ਦਿਵਸ ਮੌਕੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ । ਸ੍ਰੀ ਮੋਦੀ ਨੇ ਸਾਰਿਆਂ ਨੂੰ ਆਪਣੀਆਂ ਮਾਤਾਵਾਂ ਨੂੰ ਸਤਿਕਾਰ ਦੇਣ ਲਈ ਬੂਟੇ ਲਗਾਉਣ ਦਾ ਸੱਦਾ ਦਿੱਤਾ । ਓਧਰ ਮੋਹਾਲੀ ਤੋਂ ਵਾਤਾਵਰਨ ਪ੍ਰੇਮੀ ਬ੍ਰਿਜ ਮੋਹਨ ਜੋਸ਼ੀ ਦਾ ਮੰਨਣਾ ਏ ਕਿ ਧਰਤੀ ਦੀ ਬੇਹਤਰੀ ਅਤੇ ਚੌਗਿਰਦੇ ਦੀ ਸੰਭਾਲ ਵਾਸਤੇ ਸਾਰਿਆਂ ਨੂੰ ਬੂਟੇ ਲਾਉਣੇ ਚਾਹੀਦੇ ਨੇ ।

**BYTE:**

---

ਪੰਜਾਬ ਦੇ ਆਮ ਲੋਕਾਂ ਨੂੰ ਵੱਡੀ ਰਾਹਤ ਦਿੰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਵਿਧਾਨ ਸਭਾ ਨੇ ਅੱਜ ਇਤਿਹਾਸਕ ਬਿੱਲ 'ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ (ਸੋਧ) ਐਕਟ-2024' ਨੂੰ ਸਰਬਸੰਮਤੀ ਨਾਲ ਪਾਸ ਕਰਦਿਆਂ, ਪਲਾਟ ਦੀ ਰਜਿਸਟਰੀ ਲਈ ਕੋਈ ਇਤਰਾਜ਼ ਨਹੀਂ ਸਰਟੀਫਿਕੇਟ (ਐਨ.ਓ.ਸੀ.) ਦੀ ਸ਼ਰਤ ਨੂੰ ਖਤਮ ਕਰ ਦਿੱਤਾ ਏ । ਵਿਧਾਨ ਸਭਾ ਦੇ

ਸਦਨ ਵਿੱਚ ਇਸਤੇ ਬਹਿਸ ਨੂੰ ਸਮੇਟਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਸੋਧ ਦਾ ਮਕਸਦ ਜਿੱਥੇ ਗੈਰ-ਕਨੂੰਨੀ ਕਲੋਨੀਆਂ ਉਤੇ ਸ਼ਿਕੰਜਾ ਕੱਸਣਾ ਏ, ਉਥੇ ਹੀ ਛੋਟੇ ਪਲਾਟ ਮਾਲਕਾਂ ਨੂੰ ਰਾਹਤ ਦੇਣਾ ਏ। ਉਨ੍ਹਾਂ ਕਿਹਾ ਕਿ ਇਸ ਬਿੱਲ ਨਾਲ ਆਮ ਲੋਕਾਂ ਨੂੰ ਬਹੁਤ ਵੱਡੀ ਰਾਹਤ ਮਿਲੇਗੀ ਕਿਉਂ ਜੋ ਇਸ ਸੋਧ ਨਾਲ ਲੋਕਾਂ ਨੂੰ ਆਪਣੇ ਪਲਾਟਾਂ ਦੀ ਰਜਿਸਟਰੀ ਕਰਵਾਉਣ ਵਿੱਚ ਦਰਪੇਸ਼ ਸਮੱਸਿਆ ਖਤਮ ਹੋ ਜਾਵੇਗੀ ਅਤੇ ਅਣ-ਅਧਿਕਾਰਤ ਕਲੋਨੀਆਂ ਉਤੇ ਰੋਕ ਲੱਗੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸੋਧ ਕਸੂਰਵਾਰ ਲੋਕਾਂ ਲਈ ਜੁਰਮਾਨੇ ਅਤੇ ਸਜ਼ਾ ਦੀ ਵਿਵਸਥਾ ਕਰਦੀ ਏ। ਇਸ ਰਜਿਸਟ੍ਰੇਸ਼ਨ ਲਈ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਵਿਭਾਗ ਦੀ ਸਬੰਧਤ ਵਿਕਾਸ ਅਥਾਰਟੀ ਜਾਂ ਸਥਾਨਕ ਸਰਕਾਰ ਵਿਭਾਗ ਦੀ ਸਬੰਧਤ ਸਥਾਨਕ ਸ਼ਹਿਰੀ ਸੰਸਥਾ ਤੋਂ ਐਨ.ਓ.ਸੀ. ਪ੍ਰਾਪਤ ਕਰਨ ਦੀ ਜ਼ਰੂਰਤ ਨਹੀਂ ਹੋਵੇਗੀ।

---------------------------------------------------------

ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਵੱਲੋਂ ਅੱਜ ਪੇਸ਼ ਕੀਤੇ ਗਏ "ਦਿ ਈਸਟ ਵਾਰ ਐਵਾਰਡਜ਼ (ਸੋਧਨਾ)

ਬਿਲ, 2024" ਨੂੰ, ਵੀ ਪੰਜਾਬ ਵਿਧਾਨ ਸਭਾ ਨੇ ਸਰਬਸੰਮਤੀ ਨਾਲ ਪਾਸ ਕਰ ਦਿੱਤਾ। ਬਿਲ ਪੇਸ਼ ਕਰਦਿਆਂ ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਸੂਬਾ ਸਰਕਾਰ ਨੇ 'ਦਿ ਈਸਟ ਪੰਜਾਬ ਵਾਰ ਐਵਾਰਡਜ਼ ਐਕਟ-1948' ਵਿੱਚ ਸੋਧ ਕਰਨ ਦਾ ਫ਼ੈਸਲਾ ਲਿਆ ਏ, ਜਿਸ ਤਹਿਤ ਵਿੱਤੀ ਸਹਾਇਤਾ 10 ਹਜ਼ਾਰ ਰੁਪਏ ਸਾਲਾਨਾ ਤੋਂ ਵਧਾ ਕੇ 20 ਹਜ਼ਾਰ ਰੁਪਏ ਸਾਲਾਨਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਤਹਿਤ, ਉਨ੍ਹਾਂ ਮਾਪਿਆਂ ਨੂੰ ਵਿੱਤੀ ਸਹਾਇਤਾ ਵਜੋਂ ਜੰਗੀ ਜਗੀਰ ਪ੍ਰਦਾਨ ਕਰਦੀ ਏ , ਜਿਨ੍ਹਾਂ ਦੇ ਇਕਲੌਤੇ ਬੱਚੇ ਜਾਂ ਦੋ ਤੋਂ ਤਿੰਨ ਬੱਚੇ ਦੂਜੇ ਵਿਸ਼ਵ ਯੁੱਧ, ਕੌਮੀ ਐਮਰਜੈਂਸੀ 1962 ਅਤੇ 1971 ਦੌਰਾਨ ਭਾਰਤੀ ਫੌਜ ਵਿੱਚ ਸੇਵਾ ਨਿਭਾਅ ਚੁੱਕੇ ਨੇ । ਮੌਜੂਦਾ ਸਮੇਂ 83 ਲਾਭਪਾਤਰੀ ਇਸ ਨੀਤੀ ਤਹਿਤ ਲਾਭ ਲੈ ਰਹੇ ਨੇ । ਇਸ ਬਿਲ 'ਤੇ ਵਿਚਾਰ ਕਰਨ ਤੋਂ ਬਾਅਦ, ਇਸ ਬਿਲ ਨੂੰ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ।

--------------------------------------------------

ਵਿਸ਼ਵ ਬੈਂਕ ਨੇ ਵਿੱਤੀ ਸਾਲ 2024-25 ਲਈ, ਭਾਰਤ ਦੀ ਵਿਕਾਸ ਦਰ ਦਾ ਅਨੁਮਾਨ ਛੇ ਅੰਕ ਛੇ ਫੀਸਦੀ ਤੋਂ ਵਧਾ ਕੇ ਸੱਤ ਫੀਸਦੀ ਕਰ ਦਿੱਤਾ

ਏ। ਵਿਸ਼ਵ ਬੈਂਕ ਨੇ ਕਿਹਾ ਏ ਕਿ ਨਿੱਜੀ ਖਪਤ ਅਤੇ ਨਿਵੇਸ਼ ਵਰਗੇ ਪ੍ਰਮੁੱਖ ਕਾਰਕਾਂ ਦੇ ਕਾਰਨ, ਮੱਧ ਮਿਆਦ 'ਚ ਦੇਸ਼ ਦੀ ਆਰਥਿਕ ਵਾਧਾ ਦਰ ਮਜ਼ਬੂਤ ਰਹੇਗੀ। ਕੌਮਾਂਤਰੀ ਮੁਦਰਾ ਫੰਡ ਨੇ, ਵਿੱਤੀ ਸਾਲ 2024-25 ਲਈ, ਭਾਰਤ ਦੇ ਕੁਲ ਘਰੇਲੂ ਉਤਪਾਦ GDP ਵਿਕਾਸ ਦਰ ਦੇ ਅਨੁਮਾਨ ਨੂੰ, 20 ਆਧਾਰ ਅੰਕ ਵਧਾ ਕੇ ਸੱਤ ਫੀਸਦੀ ਕਰ ਦਿੱਤਾ ਏ।

--------------------------------------------------

ਕੇਂਦਰ ਸਰਕਾਰ ਨੇ ਉਤਪਾਦਾਂ ਅਤੇ ਸੇਵਾਵਾਂ ਨਾਲ ਸਬੰਧਤ ਵਿਚਾਰਾਂ ਨੂੰ ਸੱਦਾ ਦੇਣ ਲਈ ਨਵੀਂ ਪਹਿਲ Ideas 4LiFE ਦੀ ਸ਼ੁਰੂਆਤ ਕੀਤੀ। ਮੋਗਾ ਦੇ ਡਿਪਟੀ ਕਮਿਸ਼ਨਰ ਵਿਸ਼ਾਲ ਸਾਰੰਗਲ ਨੇ ਦੱਸਿਆ ਕਿ ਕੇਂਦਰੀ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਤਬਦੀਲੀ ਮੰਤਰਾਲੇ ਨੇ ਉਤਪਾਦਾਂ ਅਤੇ ਸੇਵਾਵਾਂ ਨਾਲ ਸਬੰਧਤ ਨਵੇਂ ਵਿਚਾਰਾਂ ਨੂੰ ਸੱਦਾ ਦੇਣ ਲਈ ਇੱਕ ਨਵੀਂ ਪਹਿਲਕਦਮੀ Ideas4LiFE ਦੀ ਸ਼ੁਰੂਆਤ ਕੀਤੀ ਏ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਵਿਦਿਆਰਥੀਆਂ, ਫੈਕਲਟੀ ਅਤੇ ਖੋਜ ਵਿਦਵਾਨਾਂ ਨੂੰ ਵਿਸ਼ਵ ਪੱਧਰੀ

ਮਿਸ਼ਨ ਲਾਈਫ ਦੀ ਪਹਿਲਕਦਮੀ ਵਿੱਚ ਆਪਣੇ ਨਵੇਂ ਵਿਚਾਰਾਂ ਦਾ ਯੋਗਦਾਨ ਪਾਉਣ ਲਈ ਉਤਸ਼ਾਹਿਤ ਕਰਨਾ ਅਤੇ ਪ੍ਰੇਰਿਤ ਕਰਨਾ ਏ। ਉਨ੍ਹਾਂ ਕਿਹਾ ਕਿ ਵਾਤਾਵਰਣ ਦੀ ਸਥਿਰਤਾ ਨੂੰ ਸਮਰਪਿਤ ਆਲਮੀ ਅੰਦੋਲਨ ਵਿੱਚ ਹਿੱਸਾ ਲੈਣ ਲਈ ਇਹ ਇੱਕ ਬੇਹਤਰ ਮੌਕਾ ਏ। ਮਿਸ਼ਨ ਲਾਈਫ ਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ, ਉਨ੍ਹਾਂ ਕਿਹਾ ਕਿ ਇਹ ਸਮਾਂ ਕੁਦਰਤ ਨੂੰ ਬਚਾਉਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਇਸ ਨੂੰ ਸੰਭਾਲਣ ਵਿੱਚ ਮਦਦ ਕਰਨ ਦਾ ਏ। ਸਾਰੇ ਭਾਗੀਦਾਰ ਆਪਣੇ ਵਿਚਾਰ ਪੋਰਟਲ 'Ideas4Life.nic.in' ਉੱਤੇ ਆਨਲਾਈਨ ਦੇ ਸਕਦੇ ਨੇ। ਵਿਚਾਰ ਅਤੇ ਸੁਝਾਅ ਦੇਣ ਦੀ ਆਖਰੀ ਤਰੀਕ 15 ਸਤੰਬਰ ਏ।

---------------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਅਧਿਆਪਕ, ਭੱਤਿਆਂ ਅਤੇ ਗਰੈਚੁਟੀ ਵਿੱਚ ਸੋਧ ਕਰਨ, ਸੋਧੇ ਹੋਏ ਤਨਖ਼ਾਹ ਦੇ ਬਕਾਏ ਜਾਰੀ ਕਰਨ, ਮੁੱਢਲੀ ਤਨਖ਼ਾਹ ਰੱਦ ਕਰਨ ਸਮੇਤ ਆਪਣੀਆਂ ਲੰਮੇ ਸਮੇਂ ਤੋਂ ਬਕਾਇਆ ਵੱਖ ਵੱਖ ਮੰਗਾਂ ਦੇ ਹੱਲ ਲਈ ਲਗਾਤਾਰ ਪ੍ਰਦਰਸ਼ਨ ਕਰ ਰਹੇ ਨੇ। ਇਸ ਸਾਲ 22 ਅਗਸਤ ਤੋਂ ਪੀ.ਏ.ਯੂ ਅਧਿਆਪਕ ਪੰਜਾਬ ਭਰ ਦੇ

ਕੈਂਪਸ ਅਤੇ ਖੇਤਰੀ ਸਟੇਸ਼ਨਾਂ 'ਤੇ ਧਰਨੇ ਅਤੇ ਰੋਸ ਰੈਲੀਆਂ ਕਰ ਰਹੇ ਹਨ। 13 ਦਿਨਾਂ ਦੇ ਸ਼ਾਂਤਮਈ ਪ੍ਰਦਰਸ਼ਨ ਦੇ ਬਾਵਜੂਦ, ਸੂਬਾ ਸਰਕਾਰ ਅਤੇ ਪੀ.ਏ.ਯੂ ਪ੍ਰਸ਼ਾਸਨ, ਕੋਈ ਤਸੱਲੀਬਖਸ਼ ਜਵਾਬ ਦੇਣ ਵਿੱਚ ਅਸਫਲ ਰਿਹਾ ਏ । ਉਨ੍ਹਾਂ ਦੀਆਂ ਸ਼ਿਕਾਇਤਾਂ ਪ੍ਰਤੀ ਸਰਕਾਰ ਅਤੇ ਪੀ.ਏ.ਯੂ ਪ੍ਰਸ਼ਾਸਨ ਦੀ ਬੇਰੁਖ਼ੀ ਅਤੇ ਖਾਰਜ ਵਾਲੀ ਪਹੁੰਚ ਦੇ ਮੱਦੇਨਜ਼ਰ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਟੀਚਰਜ਼ ਐਸੋਸੀਏਸ਼ਨ ਨੇ ਸੂਚਿਤ ਕੀਤਾ ਏ ਕਿ ਪੀਏਯੂ ਅਧਿਆਪਕ ਸਮੂਹਿਕ ਤੌਰ 'ਤੇ ਮਾਸ ਕੈਜ਼ੂਅਲ ਛੁੱਟੀ 'ਤੇ ਜਾਣਗੇ ਅਤੇ 5 ਸਤੰਬਰ ਨੂੰ ਅਧਿਆਪਕ ਦਿਵਸ ਨੂੰ ਕਾਲੇ ਦਿਵਸ ਵਜੋਂ ਮਨਾਉਣਗੇ । ਇਸ ਦਿਨ ਪੀ.ਏ.ਯੂ ਅਧਿਆਪਕ ਆਪਣੀਆਂ ਹੱਕੀ ਮੰਗਾਂ ਦੀ ਪੂਰਤੀ ਲਈ ਥਾਪਰ ਹਾਲ ਦੇ ਸਾਹਮਣੇ ਵਿਸ਼ਾਲ ਧਰਨਾ ਦੇਣਗੇ । ਉਨ੍ਹਾਂ ਦਾ ਕਹਿਣਾ ਏ ਕਈ ਜੇਕਰ ਕੋਈ ਮਤਾ ਨਾ ਪੁੱਜਣ ਦੀ ਸੂਰਤ ਵਿਚ, ਐਸੋਸੀਏਸ਼ਨ ਨੇ ਯੂਨੀਵਰਸਿਟੀ ਪ੍ਰਸ਼ਾਸਨ ਨੂੰ , ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਤੇਜ਼ ਕਰਨ ਦੀ ਚਿਤਾਵਨੀ ਦਿੱਤੀ ਏ ।

---------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ

ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਗੁਰਪੁਰਬ ਦੀ ਸੰਗਤਾਂ ਨੂੰ ਵਧਾਈ ਦਿਤੀ ਏ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਗੁਰਬਾਣੀ ਮਨੁੱਖਤਾ ਨੂੰ ਕਰਤਾ ਪੁਰਖ ਨਾਲ ਜੁੜਨ ਤੇ ਉੱਤਮ ਜੀਵਨ ਜੀਣ ਲਈ ਪ੍ਰੇਰਿਤ ਕਰਨ ਦੇ ਨਾਲ-ਨਾਲ ਸਾਂਝੀਵਾਲਤਾ ਅਤੇ ਸਦਭਾਵਨਾ ਦਾ ਸੁਨੇਹਾ ਦਿੰਦੀ ਏ । ਗੁਰਬਾਣੀ ਦੀ ਵਿਚਾਰਧਾਰਾ ਅਧਿਆਤਮਕ ਤੇ ਸਮਾਜਿਕ ਜੀਵਨ ਸੇਧਾਂ ਦਾ ਸੋਮਾ ਏ , ਜਿਸ ਅਨੁਸਾਰ ਜੀਵਨ ਬਸਰ ਕਰ ਕੇ ਮਨੁੱਖੀ ਜੀਵਨ ਨੂੰ ਹਰ ਪੱਖ ਤੋਂ ਮੁਕੰਮਲ ਬਣਾਇਆ ਜਾ ਸਕਦਾ ਏ ।ਉਨ੍ਹਾਂ ਦਸਿਆ ਕਈ ਸ਼੍ਰੋਮਣੀ ਕਮੇਟੀ ਵੱਲੋਂ ਇਸ ਸਬੰਧ ਵਿਚ ਵੱਖ-ਵੱਖ ਸਮਾਗਮ ਕੀਤੇ ਜਾਣਗੇ । ਸ਼੍ਰੋਮਣੀ ਕਮੇਟੀ ਦੇ ਸਕੱਤਰ  ਪ੍ਰਤਾਪ ਸਿੰਘ ਨੇ ਦੱਸਿਆ ਕਿ  ਭਲਕੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੱਕ ਖ਼ਾਲਸਈ ਜਾਹੋ-ਜਲਾਲ ਨਾਲ ਨਗਰ ਕੀਰਤਨ ਸਜਾਇਆ ਜਾਵੇਗਾ।ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਦੀਵਾਨ ਸਜਣਗੇ, ਜਿਸ ਵਿਚ ਰਾਗੀ, ਢਾਡੀ, ਕਵੀਸ਼ਰ ਤੇ ਪ੍ਰਚਾਰਕ ਸੰਗਤਾਂ ਨੂੰ ਗੁਰਬਾਣੀ ਤੇ ਇਤਿਹਾਸ ਨਾਲ ਜੋੜਨਗੇ। ਸੱਚਖੰਡ ਸ੍ਰੀ ਹਰਿਮੰਦਰ

ਸਾਹਿਬ ਵਿਖੇ ਫੁੱਲਾਂ ਦੀ ਸਜਾਵਟ ਅਤੇ ਖ਼ੂਬਸੂਰਤ ਦੀਪਮਾਲਾ ਵੀ ਸੰਗਤ ਲਈ ਵਿਸ਼ੇਸ਼ ਤੌਰ ’ਤੇ ਖਿੱਚ ਦਾ ਕੇਂਦਰ ਹੋਵੇਗੀ।

--------------------------------------------------------

ਪੰਜਾਬ ਸਰਕਾਰ ਨੇ "ਪਹਿਲਾ ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ" ਦੇ ਸ਼ੁਭ ਅਵਸਰ ’ਤੇ ਕੱਲ ਨੂੰ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਸਥਾਨਕ ਛੁੱਟੀ ਦਾ ਐਲਾਨ ਕੀਤਾ ਏ। ਸੂਬਾ ਸਰਕਾਰ ਦੇ ਅਧਿਕਾਰਤ ਬੁਲਾਰੇ ਨੇ ਦੱਸਿਆ ਕਿ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਪੰਜਾਬ ਸਰਕਾਰ ਦੇ ਸਾਰੇ ਦਫ਼ਤਰ, ਬੋਰਡ, ਕਾਰਪੋਰੇਸ਼ਨਾਂ ਅਤੇ ਸਰਕਾਰੀ ਵਿਦਿਅਕ ਅਦਾਰੇ ਕੱਲ ਨੂੰ ਬੰਦ ਰਹਿਣਗੇ। ਇਸ ਸਬੰਧੀ ਅਮਲਾ ਵਿਭਾਗ ਵੱਲੋਂ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਏ।

--------------------------------------------------------

ਡੀ.ਏ.ਵੀ ਕਾਲਜ ਜਲੰਧਰ ਵਿਖੇ ਸੰਗੀਤ, ਸਾਹਿਤਕ, ਫਾਈਨ ਆਰਟਸ ਅਤੇ ਹੋਰਨਾਂ ਵਰਗਾਂ ਅਧੀਨ ਪ੍ਰਤਿਭਾ ਖੋਜ ਮੁਕਾਬਲੇ ਕਰਵਾਏ ਗਏ। ਇਨ੍ਹਾਂ ਵਿਚ ਲਗਭਗ 200 ਪ੍ਰਤੀਭਾਗੀਆਂ ਨੇ ਹਿੱਸਾ ਲਿਆ। ਪ੍ਰੋਗਰਾਮ ਦੀ ਸ਼ੁਰੂਆਤ ਪਵਿੱਤਰ ਗਾਇਤਰੀ ਮੰਤਰਾਂ ਦੇ ਉਚਾਰਨ ਅਤੇ ਡੀ.ਏ.ਵੀ.

ਗਾਣ ਨਾਲ ਹੋਈ। ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਪ੍ਰਿੰਸੀਪਲ ਡਾ. ਰਾਜੇਸ਼ ਕੁਮਾਰ ਨੇ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੇ ਸਰਵ ਪੱਖੀ ਵਿਕਾਸ ਵਿਚ ਅਹਿਮ ਭੂਮਿਕਾ ਨਿਭਾਉਂਦੇ ਨੇ। ਉਨ੍ਹਾਂ ਡੀ.ਏ.ਵੀ ਕਾਲਜ ਜਲੰਧਰ ਦੀਆਂ ਕਲਾਤਮਕ ਗਤੀਵਿਧੀਆਂ ਦੇ ਇਤਿਹਾਸ ਦਾ ਉੱਲੇਖ ਕਰਦਿਆਂ ਦੱਸਿਆ ਕਿ ਗ਼ਜ਼ਲ ਗਾਇਕ ਜਗਜੀਤ ਸਿੰਘ, ਬਾਲੀਵੁੱਡ ਗਾਇਕ ਸੁਖਵਿੰਦਰ ਸਿੰਘ ਅਤੇ ਪੰਜਾਬੀ ਸੂਫ਼ੀ ਗਾਇਕ ਹੰਸ ਰਾਜ ਹੰਸ ਨੇ ਕਾਲਜ ਦੇ ਇਸੇ ਮੰਚ ਤੋਂ ਹੀ ਆਪਣੀਆਂ ਸੰਗੀਤਕ ਗਤੀਵਿਧੀਆਂ ਦਾ ਆਗਾਜ਼ ਕਰਕੇ ਕੌਮਾਂਤਰੀ ਪ੍ਰਸਿੱਧੀ ਹਾਸਿਲ ਕੀਤੀ ਏ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀ ਵੀ ਕਲਾਤਮਕ ਉਚਾਈਆਂ ਛੂਹ ਕੇ ਡੀ.ਏ.ਵੀ ਦਾ ਨਾਮ ਰੋਸ਼ਨ ਕਰਨਗੇ।

---------------------------------------------------

ਅੱਜ ਜਲੰਧਰ, ਤਰਨਤਾਰਨ, ਫਰੀਦਕੋਟ, ਲੁਧਿਆਣਾ, ਫਾਜ਼ਿਲਕਾ, ਬਠਿੰਡਾ, ਸਮੇਤ ਸੂਬੇ ਦੇ ਹੋਰਨਾਂ ਕਈ ਜ਼ਿਲਿਆਂ ਵਿਚ ਗਰਜ ਚਮਕ ਨਾਲ ਭਾਰੀ ਮੀਂਹ ਪਿਆ ਅਤੇ ਹਵਾਵਾਂ ਵਗੀਆਂ। ਇਸਤੋਂ ਇਲਾਵਾ

ਮੋਹਾਲੀ ਪਠਾਨਕੋਟ ਸਮੇਤ ਵੱਖ ਵੱਖ ਥਾਵਾਂ ਤੇ ਹਲਕੀ ਵਰਖਾ ਹੋਈ ਏ। ਇਸ ਮੀਂਹ ਨਾਲ ਲੋਕਾਂ ਨੂੰ ਹੁੰਮਸ ਭਰੀ ਗਰਮੀ ਤੋਂ ਰਾਹਤ ਮਿਲੀ ਤੇ ਮੌਸਮ ਬੇਹੱਦ ਸੁਹਾਵਣਾ ਬਣਿਆ ਹੋਇਆ ਏ। ਹਾਲਾਂਕਿ ਪਏ ਭਾਰੀ ਮੀਂਹ ਨਾਲ, ਵੱਖ ਵੱਖ ਥਾਵਾਂ ਤੇ ਪਾਣੀ ਭਰ ਗਿਆ, ਜਿਸ ਨਾਲ ਲੋਕਾਂ ਨੂੰ ਆਉਣ ਜਾਣ ਵਿਚ ਮੁਸ਼ਕਿਲ ਦਾ ਸਾਹਮਣਾ ਵੀ ਕਰਨਾ ਪਿਆ। ਕਈ ਥਾਈਂ ਅਜੇ ਵੀ ਬੱਦਲਵਾਈ ਬਣੀ ਹੋਏ ਏ। ਮੌਸਮ ਵਿਭਾਗ ਨੇ ਚੰਡੀਗੜ੍ਹ ਸਮੇਤ ਪੰਜਾਬ ਦੇ 7 ਜ਼ਿਲ੍ਹਿਆਂ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਹੁਸ਼ਿਆਰਪੁਰ, ਨਵਾਂ ਸ਼ਹਿਰ, ਰੂਪਨਗਰ ਅਤੇ ਐਸ.ਏ.ਐਸ ਨਗਰ ਵਿੱਚ ਮੀਂਹ ਪੈਣ ਦੀ ਸੰਭਾਵਨਾ ਦਸੀ ਏ। ਓਧਰ ਸੂਬੇ ਦੇ ਖੇਤੀਬਾੜੀ ਮਾਹਰ ਅਤੇ ਲੋਕ ਅੱਜ ਪਏ ਮੀਂਹ ਨਾਲ ਬਹੁਤ ਖੁਸ਼ ਨੇ ਅਤੇ ਇਸਨੂੰ ਫ਼ਸਲਾਂ ਲਈ ਫਾਇਦੇਮੰਦ ਦੱਸਦੇ ਨੇ।

---

## ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ, ਸਾਰੀਆਂ ਵਿਦਿਅਕ ਸੰਸਥਾਵਾਂ ਨੂੰ, ਕੁੜੀਆਂ ਲਈ ਸੁਰੱਖਿਅਤ ਮਾਹੌਲ ਬਣਾਉਣ ਦਾ ਸੱਦਾ ਦਿੱਤਾ।

- ਪੰਜਾਬ ਵਿਧਾਨ ਸਭਾ ਨੇ ਇਤਿਹਾਸਕ ਬਿੱਲ ‘ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ (ਸੋਧ) ਐਕਟ-2024’ ਨੂੰ ਸਰਬਸੰਮਤੀ ਨਾਲ ਪਾਸ ਕੀਤਾ।
- ਕੇਂਦਰ ਸਰਕਾਰ ਨੇ ਉਤਪਾਦਾਂ ਅਤੇ ਸੇਵਾਵਾਂ ਨਾਲ ਸਬੰਧਤ ਵਿਚਾਰਾਂ ਨੂੰ ਸੱਦਾ ਦੇਣ ਲਈ ਨਵੀਂ ਪਹਿਲ Ideas4LiFE ਦੀ ਸ਼ੁਰੂਆਤ ਕੀਤੀ ਈ
- ਅੱਜਜਲੰਧਰ, ਤਰਨਤਾਰਨ, ਫਰੀਦਕੋਟ, ਲੁਧਿਆਣਾ, ਫਾਜ਼ਿਲਕਾ, ਬਠਿੰਡਾ, ਸਮੇਤ ਸੂਬੇ ਦੇ ਹੋਰਨਾਂ ਕਈ ਜ਼ਿਲਿਆਂ ਵਿਚ ਗਰਜ ਚਮਕ ਨਾਲ ਭਾਰੀ ਮੀਂਹ ਪਿਆ -ਲੋਕਾਂ ਨੂੰ ਹੁੰਮਸ ਭਰੀ ਗਰਮੀ ਤੋਂ ਰਾਹਤ ਮਿਲੀ ।